ਕਾਨੜਾ ਮਹਲਾ ੪ ॥ ਮੇਰੈ ਮਨਿ ਰਾਮ ਨਾਮੁ ਜਪਿਓ ਗੁਰ ਵਾਕ ॥ ਹਰਿ ਹਰਿ ਕ੍ਰਿਪਾ ਕਰੀ ਜਗਦੀਸਰਿ ਦੁਰਮਤਿ ਦੂਜਾ ਭਾਉ ਗਇਓ ਸਭ ਝਾਕ ॥ ੧॥ ਰਹਾਉ ॥ ਨਾਨਾ ਰੂਪ ਰੰਗ ਹਰਿ ਕੇਰੇ ਘਟਿ ਘਟਿ ਰਾਮੁ ਰਵਿਓ ਗੁਪਲਾਕ ॥ ਹਰਿ ਕੇ ਸੰਤ ਮਿਲੇ ਹਰਿ ਪ੍ਰਗਟੇ ਉਘਰਿ ਗਏ ਬਿਖਿਆ ਕੇ ਤਾਕ ॥੧॥ ਸੰਤ ਜਨਾ ਕੀ ਬਹੁਤੁ ਬਹੁ ਸੋਭਾ ਜਿਨ ਉਰਿ ਧਾਰਿਓ ਹਰਿ ਰਸਿਕ ਰਸਾਕ ॥ ਹਰਿ ਕੇ ਸੰਤ ਮਿਲੇ ਹਰਿ ਮਿਲਿਆ ਜੈਸੇ ਗਊ ਦੇਖਿ ਬਛਰਾਕ ॥੨॥ ਹਰਿ ਕੇ ਸੰਤ ਜਨਾ ਮਹਿ ਹਰਿ ਹਰਿ ਤੇ ਜਨ ਊਤਮ ਜਨਕ ਜਨਾਕ ॥ ਤਿਨ ਹਰਿ ਹਿਰਦੈ ਬਾਸੁ ਬਸਾਨੀ ਛੂਟਿ ਗਈ ਮੁਸਕੀ ਮੁਸਕਾਕ ॥੩॥ ਤੁਮਰੇ ਜਨ ਤੁਮ੍ ਹੀ ਪ੍ਰਭ ਕੀਏ ਹਰਿ ਰਾਖਿ ਲੇਹੁ ਆਪਨ ਅਪਨਾਕ ॥ ਜਨ ਨਾਨਕ ਕੇ ਸਖਾ ਹਰਿ ਭਾਈ ਮਾਤ ਪਿਤਾ ਬੰਧਪ ਹਰਿ ਸਾਕ ॥੪॥੪॥ {ਪੰਨਾ 1295}

ਪਦ ਅਰਥ:- ਮੇਰੈ ਮਨਿ—ਮੇਰੇ ਮਨ ਨੇ। ਗੁਰ ਵਾਕ—ਗੁਰੂ ਦੇ ਬਚਨਾਂ ਅਨੁਸਾਰ। ਜਗਦੀਸਰਿ—ਜਗਤ ਦੇ ਈਸਰ (ਮਾਲਕ) ਨੇ। ਦੁਰਮਤਿ—ਖੋਟੀ ਅਕਲ। ਦੂਜਾ ਭਾਉ—(ਪ੍ਰਭੂ ਤੋਂ ਬਿਨਾ) ਹੋਰ ਦਾ ਪਿਆਰ। ਝਾਕ—ਤੱਕ, ਲਾਲਸਾ। ਸਭ—ਸਾਰੀ।1। ਰਹਾਉ।

ਨਾਨਾ—ਕਈ ਕਿਸਮਾਂ ਦੇ। ਕੇਰੇ—ਦੇ। ਘਟਿ ਘਟਿ—ਹਰੇਕ ਸਰੀਰ ਵਿਚ। ਰਵਿਓ—ਵਿਆਪਕ ਹੈ। ਗੁਪਲਾਕ—ਗੁਪਤ। ਪ੍ਰਗਟੇ—ਪਰਗਟ ਹੋ ਗਏ, ਦਿੱਸ ਪਏ। ਤਾਕ—ਭਿੱਤ। ਬਿਖਿਆ—ਮਾਇਆ।1।

ਉਰਿ—ਹਿਰਦੇ ਵਿਚ। ਰਸਿਕ ਰਸਾਕ—ਰਸੀਏ, ਪ੍ਰੇਮੀ। ਦੇਖਿ—ਵੇਖ ਕੇ। ਬਛਰਾਕ—ਵੱਛਾ।2।

ਮਹਿ—ਵਿਚ। ਤੇ ਜਨ—ਉਹ ਮਨੁੱਖ (ਬਹੁ-ਵਚਨ)। ਜਨਕ ਜਨਾਕ—ਜਨ, ਸੰਤ ਜਨ। ਹਿਰਦੈ—ਹਿਰਦੇ ਵਿਚ। ਬਾਸੁ—ਸੁਗੰਧੀ। ਛੂਟਿ ਗਈ—ਮੁੱਕ ਗਈ। ਮੁਸਕ ਮੁਸਕਾਕ—ਬਦਬੂ, ਦੁਰਗੰਧ।3।

ਪ੍ਰਭ—ਹੇ ਪ੍ਰਭੂ! ਆਪਨ ਅਪਨਾਕ—ਆਪਣੇ ਅਪਣਾ ਕੇ, ਆਪਣੇ ਬਣਾ ਕੇ। ਸਖਾ—ਮਿੱਤਰ। ਸਾਕ—ਸਨਬੰਧੀ।4।

ਅਰਥ:- ਹੇ ਭਾਈ! (ਜਿਸ ਮਨੁੱਖ ਉੱਤੇ) ਜਗਤ ਦੇ ਮਾਲਕ ਹਰੀ ਨੇ ਮਿਹਰ ਕੀਤੀ (ਉਸਨੇ ਗੁਰੂ ਦੇ ਬਚਨਾਂ ਉੱਤੇ ਤੁਰ ਕੇ ਪ੍ਰਭੂ ਦਾ ਨਾਮ ਜਪਿਆ, ਤੇ, ਉਸ ਦੇ ਅੰਦਰੋਂ) ਖੋਟੀ ਬੁੱਧੀ ਦੂਰ ਹੋ ਗਈ, ਮਾਇਆ ਦਾ ਮੋਹ ਮੁੱਕ ਗਿਆ, (ਮਾਇਆ ਵਾਲੀ) ਸਾਰੀ ਝਾਕ ਖ਼ਤਮ ਹੋਈ। ਹੇ ਭਾਈ! ਮੇਰੇ ਮਨ ਨੇ (ਭੀ) ਗੁਰੂ ਦੇ ਬਚਨਾਂ ਉੱਤੇ ਤੁਰ ਕੇ ਪਰਮਾਤਮਾ ਦਾ ਨਾਮ ਜਪਿਆ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਦੇ ਕਈ ਕਿਸਮਾਂ ਦੇ ਰੂਪ ਹਨ, ਕਈ ਕਿਸਮਾਂ ਦੇ ਰੰਗ ਹਨ। ਹਰੇਕ ਸਰੀਰ ਵਿਚ ਪਰਮਾਤਮਾ ਗੁਪਤ ਵੱਸ ਰਿਹਾ ਹੈ। ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਦੇ ਸੰਤ ਜਨ ਮਿਲ ਪੈਂਦੇ ਹਨ, ਉਹਨਾਂ ਦੇ ਅੰਦਰ ਪਰਮਾਤਮਾ ਪਰਗਟ ਹੋ ਜਾਂਦਾ ਹੈ। ਉਹਨਾਂ ਮਨੁੱਖਾਂ ਦੇ ਮਾਇਆ ਦੇ (ਮੋਹ ਵਾਲੇ ਬੰਦ) ਭਿੱਤ ਖੁਲ੍ਹ ਜਾਂਦੇ ਹਨ।1।

ਹੇ ਭਾਈ! ਜਿਨ੍ਹਾਂ ਰਸੀਏ ਸੰਤ ਜਨਾਂ ਨੇ ਆਪਣੇ ਹਿਰਦੇ ਵਿਚ ਪਰਮਾਤਮਾ ਨੂੰ ਵਸਾ ਲਿਆ, ਉਹਨਾਂ ਦੀ (ਜਗਤ ਵਿਚ) ਬਹੁਤ ਸੋਭਾ ਹੁੰਦੀ ਹੈ। ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਦੇ ਇਹੋ (ਜਿਹੇ) ਸੰਤ ਮਿਲ ਪੈਂਦੇ ਹਨ, ਉਹਨਾਂ ਨੂੰ ਪਰਮਾਤਮਾ ਮਿਲ ਪੈਂਦਾ ਹੈ (ਉਹ ਇਉਂ ਪ੍ਰਸੰਨ ਚਿੱਤ ਰਹਿੰਦੇ ਹਨ) ਜਿਵੇਂ ਗਾਂ ਨੂੰ ਵੇਖ ਕੇ ਉਸ ਦਾ ਵੱਛਾ।2।

ਹੇ ਭਾਈ! ਪਰਮਾਤਮਾ ਆਪਣੇ ਸੰਤ ਜਨਾਂ ਦੇ ਅੰਦਰ (ਪ੍ਰਤੱਖ ਵੱਸਦਾ ਹੈ), ਉਹ ਸੰਤ ਜਨ ਹੋਰ ਸਭ ਮਨੁੱਖਾਂ ਨਾਲੋਂ ਉੱਚੇ ਜੀਵਨ ਵਾਲੇ ਹੁੰਦੇ ਹਨ। ਉਹਨਾਂ ਨੇ ਆਪਣੇ ਹਿਰਦੇ ਵਿਚ ਹਰਿ-ਨਾਮ ਦੀ ਸੁਗੰਧੀ ਵਸਾ ਲਈ ਹੁੰਦੀ ਹੈ (ਇਸ ਵਾਸਤੇ ਉਹਨਾਂ ਦੇ ਅੰਦਰੋਂ ਵਿਕਾਰਾਂ ਦੀ) ਬਦਬੂ ਮੁੱਕ ਜਾਂਦੀ ਹੈ।3।

ਹੇ ਪ੍ਰਭੂ! ਆਪਣੇ ਸੇਵਕਾਂ ਨੂੰ ਤੂੰ ਆਪ ਹੀ (ਚੰਗੇ) ਬਣਾਂਦਾ ਹੈਂ, ਉਹਨਾਂ ਨੂੰ ਤੂੰ ਆਪ ਹੀ ਆਪਣੇ ਬਣਾ ਕੇ ਉਹਨਾਂ ਦੀ

ਰੱਖਿਆ ਕਰਦਾ ਹੈਂ। ਹੇ ਨਾਨਕ! ਪ੍ਰਭੂ ਜੀ ਆਪਣੇ ਸੇਵਕਾਂ ਦੇ ਮਿੱਤਰ ਹਨ, ਭਰਾ ਹਨ, ਮਾਂ ਹਨ, ਪਿਉ ਹਨ, ਅਤੇ ਸਾਕ-ਸਨਬੰਧੀ ਹਨ।4। 4।